a2zpapers.com

Roll No. ..................

**004/B**

Total No. of Questions : 7]

[Total No. of Printed Pages : 3

**SS**

**2038**

**ਸਲਾਨਾ ਪਰੀਖਿਆ ਪ੍ਰਨਾਲੀ**

**PUNJABI (Elective)**

**(Evening Session)**

Time allowed : Three hours

Maximum marks : 90

**ਨੋਟ :** (i) ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ-ਕੋਡ/ਪੇਪਰ-ਕੋਡ ਵਾਲੇ ਖ਼ਾਨੇ ਵਿਚ ਵਿਸ਼ਾ-ਕੋਡ/ਪੇਪਰ-ਕੋਡ **004/B** ਜ਼ਰੂਰ ਦਰਜ ਕਰੋ ਜੀ ।

(ii) ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 30 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ ।

(iii) ਉੱਤਰ-ਪੱਤਰੀ ਵਿੱਚ ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ ।

(vi) **ਸਾਰੇ ਪ੍ਰਸ਼ਨ ਜ਼ਰੂਰੀ ਹਨ ।**

(v) ਪ੍ਰਸ਼ਨ ਦਾ ਉੱਤਰ ਖ਼ਤਮ ਹੋਣ 'ਤੇ ਇੱਕ ਲਾਈਨ ਲਾ ਦਿਓ ।

1. **ਸਾਰੇ ਪ੍ਰਸ਼ਨ ਜ਼ਰੂਰੀ ਹਨ** । ਹਰੇਕ ਪ੍ਰਸ਼ਨ ਇੱਕ ਅੰਕ ਦਾ ਹੈ ।

(ੳ) 'ਚੰਡੀ ਦੀ ਵਾਰ' ਦੀ ਨਾਇਕਾ ਦੁਰਗਾ ਦੇਵੀ ਹੈ - ਇਹ ਕਥਨ ਠੀਕ ਹੈ ਜਾਂ ਗਲਤ । 1

(ਅ) ਕਵਿਤਾ ਵਿੱਚ ਲਿਖਿਆ ਹੋਇਆ ਕਿਹੜਾ ਸ੍ਵੈ-ਜੀਵਨੀ ਅੰਸ਼ ਤੁਹਾਡੀ ਪਾਠ-ਪੁਸਤਕ ਵਿੱਚ ਦਰਜ ਹੈ ? 1

(ੲ) ਛੰਦ ਦੀਆਂ ਕਿੰਨੀਆਂ ਕਿਸਮਾਂ ਹੁੰਦੀਆਂ ਹਨ ? ਨਾਂ ਦੱਸੋ । 1

(ਸ) ਸ਼ਿੰਗਾਰ ਰਸ ਦਾ ਸਥਾਈ ਭਾਵ ਕੀ ਹੈ ? 1

(ਹ) ਸ਼ਾਹ ਹੁਸੈਨ ਦੇ ਦੋਹੜੇ ਵਿੱਚ ਆਏ ਸ਼ਬਦ 'ਤਸਬੀ' ਤੋਂ ਕੀ ਭਾਵ ਹੈ ? 1

(ਕ) 'ਯੂਸਫ਼ ਜ਼ੁਲੇਖਾਂ' ਕਿੱਸਾ ਕਿਸ ਕਵੀ ਦੀ ਰਚਨਾ ਹੈ ?

(1) ਵਾਰਿਸ ਸ਼ਾਹ (3) ਗੁਰੂ ਨਾਨਕ ਦੇਵ ਜੀ

(2) ਪੀਲੂ (4) ਹਾਫ਼ਿਜ ਬਰਖ਼ੁਰਦਾਰ 1

(ਖ) 'ਮੇਰੇ ਬੱਚੇ ਮੇਰਾ ਮੁਹਾਂਦਰਾ' ਸ੍ਵੈ-ਜੀਵਨੀ ਅੰਸ਼ ਦਾ ਲੇਖਕ ਕੌਣ ਹੈ ? 1

(ਗ) 'ਕੋਈ ਬੋਲੇ ਰਾਮ ਰਾਮ ਕੋਈ ਖੁਦਾਇ' ਸਲੋਕ ਵਿੱਚ ਜੀਵਾਂ ਨੇ ਆਪੋ-ਆਪਣੇ ਧਰਮਾਂ ਅਨੁਸਾਰ ਪਰਮਾਤਮਾ ਨੂੰ ਕਿਹੜੇ-ਕਿਹੜੇ ਨਾਵਾਂ ਨਾਲ਼ ਸੰਬੋਧਨ ਕੀਤਾ ਹੈ ? 1

(ਘ) ਨਿੱਕੀ ਕਹਾਣੀ ਦਾ ਅੰਤ ਕਿਹੋ ਜਿਹਾ ਹੁੰਦਾ ਹੈ ? 1

(ਙ) 'ਹੁਸਨ ਓਸ ਦਾ ਮੈਂ ਕੀ ਆਖਾਂ' ਕਾਵਿ-ਸਤਰ ਵਿੱਚ ਕਿਹੜਾ ਅਲੰਕਾਰ ਹੈ ? 1

10×1=10



www.a2zpapers.com www.a2zpapers.com
Download free old Question papers gndu, ptu hp board, punjab board

a2zpapers.com



2. ਹੇਠ ਦਿੱਤੇ ਕਾਵਿ-ਟੋਟਿਆਂ ਵਿੱਚੋਂ ਕਿਸੇ **ਦੋ** ਦੀ ਪ੍ਰਸੰਗ ਸਹਿਤ ਵਿਆਖਿਆ ਕਰੋ :

(ੳ) ਅੱਗੋਂ ਮਿਰਜ਼ਾ ਬੋਲਦਾ ; ਤੂੰ ਸੁਣ ਜਾਮ ਲੁਹਾਰ ।
ਕਿਆ ਸੁੱਤਾ ਕਿਆ ਜਾਗਦਾ, ਕੀ ਤੂੰ ਗਇਆ ਪਵਾਰ ।
ਮਜੂਰੀ ਲੈ ਲਈਂ ਆਪਣੀ, ਕਿੱਲੀਆਂ ਦੇਈਂ ਹਜ਼ਾਰ ।
ਜੇ ਤੂੰ ਭਾਈ ਧਰਮ ਦਾ, ਸਾਹਿਬਾਂ ਟੋਰੀਂ ਨਾਲ਼ । 8

(ਅ) ਇਕਤੁ ਦਿਹਾੜੇ ਆਈ ਨਾਵ੍ਹਣ ਦੁਰਗਸ਼ਾਹ ।
ਦੈਵੀਂ ਬ੍ਰਿਥਾ ਸੁਣਾਈ ਆਪਣੇ ਹਾਲ ਦੀ -
ਛੀਨ ਲਈ ਠਕੁਰਾਈਂ ਸਾਤੇ ਦਾਨਵੀਂ
ਲੋਕੀਂ ਤਿਹੀ ਫਿਰਾਈ ਦੋਹੀਂ ਆਪਨੀ
ਬੈਠੇ ਥਾਇ ਵਧਾਈ ਤੇ ਅਮਰਾਵਤੀ
ਦਿੱਤੇ ਦੇਵ ਭਜਾਈ ਸਭਨਾਂ ਰਾਕਸ਼ਾਂ ! 8

(ੲ) ਤੋਬਾ ਨਾ ਕਰ ਯਾਰ ! ਕੈਸੀ ਤੋਬਾ ਹੈ
ਨਿੱਤ ਪੜ੍ਹਦੇ ਇਸਤਗਫ਼ਾਰ, ਕੈਸੀ ਤੋਬਾ ਹੈ ।
ਸਾਵੀਂ ਦੇ ਕੇ ਲਹੇਂ ਸਵਾਈ, ਡਿਓਢੀਆਂ 'ਤੇ ਬਾਜ਼ੀ ਲਾਈ
ਇਹ ਮੁਸਲਮਾਨੀ ਕਿੱਥੋਂ ਪਾਈ, ਇਹ ਤੁਹਾਡਾ ਕਿਰਦਾਰ
ਕੈਸੀ ਤੋਬਾ ਹੈ । 8

(ਸ) ਜਾ ਕਉ ਮੁਸਕਲੁ ਅਤਿ ਬਣੈ ਢੋਈ ਕੋਇ ਨ ਦੇਇ ॥
ਲਾਗੂ ਹੋਏ ਦੁਸਮਨਾ ਸਾਕ ਭਿ ਭਜਿ ਖਲੇ ॥
ਸਭੋ ਭਜੈ ਆਸਰਾ ਚੁਕੈ ਸਭੁ ਅਸਰਾਉ ॥
ਚਿਤਿ ਆਵੈ ਓਸੁ ਪਾਰਬ੍ਰਹਮੁ ਲਗੈ ਨ ਤਤੀ ਵਾਉ ॥ 8

8+8=16

3. ਹੇਠ ਲਿਖੀਆਂ ਕਵਿਤਾਵਾਂ ਵਿੱਚੋਂ ਕਿਸੇ **ਇੱਕ** ਕਵਿਤਾ ਦਾ ਕੇਂਦਰੀ ਭਾਵ ਲਿਖੋ :

(ੳ) ਦਿਲਹੁ ਮੁਹਬਤਿ ਜਿਨ ਸੇਈ ਸਚਿਆ - (ਸ਼ੇਖ ਫਰੀਦ) 5

(ਅ) ਪਵਣੁ ਗੁਰੂ ਪਾਣੀ ਪਿਤਾ - (ਸ੍ਰੀ ਗੁਰੂ ਨਾਨਕ ਦੇਵ ਜੀ) 5

(ੲ) ਯੂਸਫ਼ ਦੀ ਖ਼ੂਬਸੂਰਤੀ ਦੀ ਪ੍ਰਸ਼ੰਸਾ - (ਹਾਫਿਜ਼ ਬਰਖੁਰਦਾਰ) 5

5×1=5

4. (ੳ) ਪੰਜਾਬੀ ਸੂਫ਼ੀ ਕਾਵਿ-ਧਾਰਾ ਦੇ ਮੁੱਢ ਅਤੇ ਵਿਕਾਸ ਬਾਰੇ ਇੱਕ ਵਿਸਤ੍ਰਿਤ ਨੋਟ ਲਿਖੋ । 15

ਜਾਂ

(ਅ) 'ਜੰਗਨਾਮਾ ਸ਼ਾਹ ਮੁਹੰਮਦ' ਦੇ ਕਾਵਿਕ ਗੁਣਾਂ ਦਾ ਵਰਣਨ ਕਰਦੇ ਹੋਏ ਸੰਖੇਪ ਜਾਣਕਾਰੀ ਦਿਉ । 15

15×1=15



www.a2zpapers.com www.a2zpapers.com
Download free old Question papers gndu, ptu hp board, punjab board

a2zpapers.com



**5.** 'ਆਪ-ਬੀਤੀਆਂ' ਪਾਠ-ਪੁਸਤਕ ਦੇ ਆਧਾਰ 'ਤੇ ਹੇਠ ਲਿਖੇ ਪ੍ਰਸ਼ਨਾਂ ਵਿੱਚੋਂ ਕਿਸੇ **ਪੰਜ** ਪ੍ਰਸ਼ਨਾਂ ਦੇ ਉੱਤਰ ਲਿਖੋ :

(ੳ) 'ਬਹੁਤ ਸਾਰੇ ਕੁੱਤੀਆਂ ਵਿੱਚ ਛੇਵੀਂ ਸੂਝ ਹੁੰਦੀ ਹੈ। ਸਾਡੇ ਸਿੰਬੇ ਵਿੱਚ ਸੱਤਵੀਂ ਅਤੇ ਅੱਠਵੀਂ ਵੀ ਸੀ।' ਇਹ ਕਥਨ ਸਾਬਤ ਕਰਨ ਲਈ ਲੇਖਕ ਨੇ ਜਿਹੜੀ ਘਟਨਾ ਦਾ ਜ਼ਿਕਰ ਕੀਤਾ ਹੈ, ਉਸ ਨੂੰ ਆਪਣੇ ਸ਼ਬਦਾਂ ਵਿੱਚ ਲਿਖੋ। 4

(ਅ) 'ਭਗਤ ਸਿੰਘ' ਹੋਰਾਂ ਦੀ ਸ਼ਹੀਦੀ ਬਾਰੇ 'ਮੇਰਾ ਨਾਮਕਰਨ' ਸ੍ਵੈ - ਜੀਵਨੀ ਅੰਸ਼ ਵਿੱਚ ਜੋ ਵੇਰਵੇ ਦਿੱਤੇ ਗਏ ਹਨ, ਉਹਨਾਂ ਨੂੰ ਆਪਣੇ ਸ਼ਬਦਾਂ ਵਿੱਚ ਲਿਖੋ। 4

(ੲ) 'ਮੁੜ੍ਹਕੇ ਦੀ ਖੁਸ਼ਬੋ' ਸ੍ਵੈ-ਜੀਵਨੀ-ਅੰਸ਼ ਤੋਂ ਤੁਹਾਨੂੰ ਕੀ ਸਿੱਖਿਆ ਅਤੇ ਪ੍ਰੇਰਨਾ ਮਿਲਦੀ ਹੈ ? 4

(ਸ) 'ਜਿਹੜੀ ਜਾਣ - ਪਛਾਣ ਬਚਪਨ ਵਿੱਚ ਪੱਲੇ ਪੈਂਦੀ ਹੈ, ਉਹੋ ਤੋੜ ਨਿਭਦੀ ਹੈ।' ਪ੍ਰਿੰ. ਤੇਜਾ ਸਿੰਘ ਨੇ ਇਹ ਟਿੱਪਣੀ ਕਿਹੜੇ ਪ੍ਰਸੰਗ ਵਿੱਚ ਕੀਤੀ ਹੈ ? 4

(ਹ) ਦਿੱਲੀ ਦੇ ਡਿਪਟੀ ਕਮਿਸ਼ਨਰ ਲੱਗਣ ਉਪਰੰਤ ਡਾ. ਰੰਧਾਵਾ ਨੇ ਪੇਸ਼ਗੀ ਕਿਰਾਇਆ ਦੱਬਣ ਵਾਲੇ ਲਾਲਾ ਜੀ ਨੂੰ ਕਿਵੇਂ ਸਬਕ ਸਿਖਾਇਆ ? 4

(ਕ) ਬਲਵੰਤ ਗਾਰਗੀ ਆਪਣੇ ਬੇਟੇ ਮਨੂੰ ਨੂੰ 'ਗਿਠਮੁਠੀਆਂ ਬਲਵੰਤ' ਕਿਉਂ ਕਹਿੰਦਾ ਹੈ ? 4

(ਖ) ਆਕਲੈਂਡ ਸਕੂਲ ਦੀ ਪ੍ਰਿੰਸੀਪਲ ਕਿਹੋ-ਜਿਹੀ ਔਰਤ ਸੀ ? ਲੇਖਕਾ ਦੀਆਂ ਬੇਟੀਆਂ ਦੇ ਸਰਟੀਫ਼ਿਕੇਟ ਵੇਖ ਕੇ ਉਸ ਨੇ ਕੀ ਕਿਹਾ ? 4

(ਗ) 'ਆਪਣੀ ਸੋਚ ਦੇ ਗਹਿਰੇ ਸਾਏ' ਸ੍ਵੈ - ਜੀਵਨੀ ਅੰਸ਼ ਦੇ ਆਧਾਰ ਤੇ ਦੱਸੋ ਕਿ ਲੇਖਕ ਨੇ ਸਮੇਂ-ਸਮੇਂ 'ਤੇ ਆਪਣਾ ਜੀਵਨ-ਮਨੋਰਥ ਕੀ ਮਿੱਥਿਆ ਤੇ ਕਿਉਂ ? 4

5×4=20

**6.** ਹੇਠ ਲਿਖਿਆਂ ਵਿੱਚੋਂ ਕਿਸੇ **ਇੱਕ** ਸਾਹਿਤ-ਰੂਪ ਬਾਰੇ ਨੋਟ ਲਿਖੋ :

(ੳ) ਨਾਟਕ 12

(ਅ) ਨਾਵਲ। 12

(ੲ) ਸ੍ਵੈ - ਜੀਵਨੀ 12

12×1=12

**7.** ਹੇਠ ਲਿਖਿਆਂ ਉਦਾਹਰਣ ਸਹਿਤ ਪਰਿਭਾਸ਼ਾ ਲਿਖੋ -

(ੳ) ਉਪਮਾ ਅਲੰਕਾਰ ਜਾਂ ਰੂਪਕ ਅਲੰਕਾਰ 4

(ਅ) ਕਰੁਣਾ ਰਸ ਜਾਂ ਵੀਰ ਰਸ। 4

(ੲ) ਕਬਿੱਤ ਛੰਦ ਜਾਂ ਕੋਰੜਾ ਛੰਦ 4

4×3=12



www.a2zpapers.com www.a2zpapers.com
Download free old Question papers gndu, ptu hp board, punjab board